28_Oct_Hoshiarpur_5_6_7_8.qxd 10/28/2025 10:50 PM Page 3

ਪੋਟਾਸ਼ ਤੇ ਗੰਧਕ ਨਾਲ ਬਣ ਰਹੇ ਪਟਾਕੇ ਬੱਚਿਆਂ ਲਈ ਖ਼ਤਰਨਾਕ-ਚੀਮਾ

ਦਸੂਹਾ, 28 ਅਕਤੂਬਰ (ਕੌਸ਼ਲ)-ਦਸੂਹਾ ਇਲਾਕੇ 'ਚ ਬੱਚਿਆਂ ਵਲੋਂ ਪੋਟਾਸ਼ ਤੇ ਗੰਧਕ ਨੂੰ ਮਿਲਾ ਕੇ ਪਟਾਕੇ ਤਿਆਰ ਕਰਕੇ ਚਲਾਉਣ ਦੇ ਮਾਮਲੇ ਸਾਹਮਣੇ ਆ ਰਹੇ ਹਨ। ਇਹ ਮਿਸ਼ਰਨ ਬਹੁਤ ਹੀ ਖ਼ਤਰਨਾਕ ਹੈ ਤੇ ਥੋੜੀ ਜਿਹੀ ਗ਼ਲਤੀ ਨਾਲ ਭਾਰੀ ਧਮਾਕਾ ਹੋ ਸਕਦਾ ਹੈ। ਇਸ ਨਾਲ ਜਾਨਲੇਵਾ ਹਾਦਸੇ ਹੋਣ ਦਾ ਖ਼ਤਰਾ ਬਣਿਆ ਹੋਇਆ ਹੈ। ਬਾਜ਼ਾਰਾਂ 'ਚ ਪੋਟਾਸ਼ ਤੇ ਗੰਧਕ ਦੀ ਵਿਕਰੀ ਬਿਨਾਂ ਕਿਸੇ ਨਿਗਰਾਨੀ ਦੇ ਵੱਡੀ ਮਾਤਰਾ ਵਿਚ ਹੋ ਰਹੀ ਹੈ, ਜਿਸ 'ਤੇ ਪ੍ਰਸ਼ਾਸਨ ਨੂੰ ਤੁਰੰਤ ਨਕੇਲ ਪਾਉਣ ਦੀ ਲੋੜ ਹੈ। ਸਮਾਜ ਸੇਵੀ ਸੁਖਵਿੰਦਰ ਸਿੰਘ ਚੀਮਾ ਨੇ ਲੋਕਾਂ ਨੂੰ ਸੁਚੇਤ ਕਰਦੇ ਹੋਏ ਕਿਹਾ ਕਿ ਮਾਪੇ ਆਪਣੇ ਬੱਚਿਆਂ ਨੂੰ ਇਸ ਖ਼ਤਰਨਾਕ ਪਦਾਰਥ ਤੋਂ ਦੂਰ ਰੱਖਣ। ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਸ ਗ਼ੈਰ-ਕਾਨੂੰਨੀ ਵਿੱਕਰੀ 'ਤੇ ਤੁਰੰਤ ਕਾਰਵਾਈ ਕੀਤੀ ਜਾਵੇ ਤਾਂ ਜੋ ਕਿਸੇ ਵੱਡੇ ਹਾਦਸੇ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਜੇਕਰ ਕੋਈ ਇਸ ਤਰ੍ਹਾਂ ਦਾ ਮਿਸ਼ਰਨ ਬਣਾਉਂਦਾ ਜਾਂ ਵੇਚਦਾ ਹੋਵੇ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ।

ਵਿਲੇਜ ਡਿਫੈਂਸ ਕਮੇਟੀਆਂ ਨੂੰ ਦਿੱਤੀ ਜਾਵੇਗੀ ਵਿਸ਼ੇਸ਼ ਟ੍ਰੇਨਿੰਗ-ਡਾ. ਰਾਜ ਕੁਮਾਰ

ਨਸ਼ਾ ਮੁਕਤੀ ਮੋਰਚਾ ਦੇ ਨੁਮਾਇੰਦਿਆਂ ਤੇ ਅਧਿਕਾਰੀਆਂ ਨਾਲ ਮੀਟਿੰਗ

ਹੁਸ਼ਿਆਰਪੁਰ, 28 ਅਕਤੂਬਰ (ਬਲਜਿੰਦਰਪਾਲ ਸਿੰਘ, ਹਰਪ੍ਰੀਤ ਕੌਰ)-ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਨੂੰ ਦੁਬਾਰਾ 'ਰੰਗਲਾ ਪੰਜਾਬ' ਬਣਾਉਣ ਲਈ ਠੋਸ ਕਦਮ ਚੁੱਕ ਰਹੀ ਹੈ। ਨਸ਼ਿਆਂ ਵਿਰੁੱਧ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਪਿੰਡਾਂ, ਕਸਬਿਆਂ ਤੇ ਸ਼ਹਿਰਾਂ 'ਚ ਲੋਕਾਂ ਨੂੰ ਇਕਜੁੱਟ ਕਰ ਰਿਹਾ ਹੈ, ਤਾਂ ਜੋ ਸਮਾਜ 'ਚੋਂ ਇਸ ਬੁਰਾਈ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾ ਸਕੇ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨਸ਼ਾ ਮੁਕਤੀ ਮੋਰਚਾ ਦੇ ਨੁਮਾਇੰਦਿਆਂ ਤੇ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹੇ ਦੀਆਂ ਗ੍ਰਾਮ ਰੱਖਿਆ ਕਮੇਟੀਆਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਉਹ ਆਪਣੇ-ਆਪਣੇ ਖੇਤਰਾਂ 'ਚ ਨਸ਼ਾਖੋਰੀ ਦੇ ਖ਼ਾਤਮੇ ਲਈ ਵਧੇਰੇ ਸਰਗਰਮ ਭੂਮਿਕਾ ਨਿਭਾ ਸਕਣ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਵੀ ਉਨ੍ਹਾਂ ਨਾਲ ਮੌਜੂਦ ਸਨ। ਡਾ. ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਸਖ਼ਤ ਨੀਤੀ ਕਾਰਨ ਅੱਜ ਪੰਜਾਬ ਦੇਸ਼ ਦਾ ਹੀ ਨਹੀਂ ਸਗੋਂ ਪੂਰੀ ਦੁਨੀਆ ਦਾ ਇਕ ਅਜਿਹਾ ਸੂਬਾ ਬਣ ਗਿਆ ਹੈ, ਜਿਥੇ ਨਸ਼ਿਆਂ ਵਿਰੁੱਧ ਸਭ ਤੋਂ ਵਿਆਪਕ ਤੇ ਠੋਸ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਨਾ ਸਿਰਫ਼ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸ ਰਿਹਾ ਹੈ ਬਲਕਿ ਨਸ਼ੇ ਦੇ ਆਦੀ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੀ ਠੋਸ ਕਦਮ ਚੁੱਕ ਰਿਹਾ ਹੈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਸਿਵਲ ਤੇ ਪੁਲਿਸ ਵਿਭਾਗਾਂ ਦੇ ਸਹਿਯੋਗ ਨਾਲ ਕੰਮ ਕਰ ਰਿਹਾ ਹੈ। ਸਮਾਜ ਦੇ ਸਹਿਯੋਗ ਨਾਲ ਮੁਹਿੰਮ ਨੂੰ ਮਹੱਤਵਪੂਰਨ ਸਫਲਤਾ ਮਿਲ ਰਹੀ ਹੈ। ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਹੁਣ ਤੱਕ 1,000 ਐਫ. ਆਈ. ਆਰ. ਦਰਜ ਕੀਤੀਆਂ ਗਈਆਂ ਹਨ, ਤੇ 1,200 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਦੋਆਬਾ ਜ਼ੋਨ ਕੋਆਰਡੀਨੇਟਰ ਨਯਨ ਛਾਬੜਾ ਨੇ ਕਿਹਾ ਕਿ ਮੋਰਚਾ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਰਿਹਾ ਹੈ। ਮੀਟਿੰਗ 'ਚ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਸਤਵੰਤ ਸਿੰਘ ਸਿਆਣ ਨੇ ਵੀ ਸੰਬੋਧਨ ਕੀਤਾ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਐਸ. ਪੀ. ਮਨਪ੍ਰੀਤ ਸ਼ੀਮਾਰ, ਸਾਰੇ ਐਸ. ਡੀ. ਐਮਜ਼ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਨਸ਼ਾ ਮੁਕਤੀ ਮੋਰਚਾ ਦੇ ਨੁਮਾਇੰਦਿਆਂ ਤੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ। ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਤੇ ਹੋਰ। ਤਸਵੀਰ : ਹਮਸ਼ਾਇਨ ਸਟੂਡੀਓ

ਪੰਜਾਬ ਰੋਡਵੇਜ਼ ਦੀਆਂ ਜਥੇਬੰਦੀਆਂ ਦੀ ਹੋਈ ਮੀਟਿੰਗ ਦੌਰਾਨ ਹਾਜ਼ਰ ਵੱਖ-ਵੱਖ ਯੂਨੀਅਨਾਂ ਦੇ ਅਹੁਦੇਦਾਰ ਤੇ ਮੈਂਬਰ। ਤਸਵੀਰ : ਹਮਸ਼ਾਇਨ ਸਟੂਡੀਓ

ਜਥੇਬੰਦੀਆਂ ਵਲੋਂ ਰੋਡਵੇਜ਼ ਦਾ ਨਵਾਂ ਟਾਈਮ ਟੇਬਲ ਰੱਦ ਕਰਕੇ ਪੁਰਾਣਾ ਚਲਾਉਣ ਦੀ ਮੰਗ

ਪ੍ਰਾਈਵੇਟ ਆਪ੍ਰੇਟਰਾਂ ਨੂੰ ਲਾਭ ਪਹੁੰਚਾਉਣ ਲਈ ਬਦਲਿਆ ਹੈ ਟਾਈਮ ਟੇਬਲ-ਪ੍ਰਧਾਨ

ਹੁਸ਼ਿਆਰਪੁਰ, 28 ਅਕਤੂਬਰ (ਨਰਿੰਦਰ ਸਿੰਘ ਬੱਡਲਾ)-ਪੰਜਾਬ ਰੋਡਵੇਜ਼ ਨਾਲ ਸੰਬੰਧਿਤ ਸਮੂਹ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਹੋਈ, ਜਿਸ 'ਚ ਦਸੂਹਾ ਵਾਲੇ ਪਾਸੇ ਤੋਂ ਵਾਪਸੀ ਦੇ ਨਵੇਂ ਬਣੇ ਟਾਈਮ ਟੇਬਲ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਆਗੂਆਂ ਨੇ ਨਵੇਂ ਬਣੇ ਟਾਈਮ ਟੇਬਲ ਨਾਲ ਹੋਏ ਪੰਜਾਬ ਰੋਡਵੇਜ਼ ਦੇ ਸਮੂਹ ਡਿਪੂਆਂ ਦੀ ਸਰਵਿਸ ਨੂੰ ਹੋਏ ਭਾਰੀ ਵਿੱਤੀ ਨੁਕਸਾਨ ਤੇ ਪ੍ਰਾਈਵੇਟ ਅਪਰੇਟਰਾਂ ਨੂੰ ਦਿੱਤੇ ਗਏ ਫ਼ਾਇਦੇ ਖ਼ਿਲਾਫ਼ ਜ਼ੋਰਦਾਰ ਨਿਖੇਧੀ ਕੀਤੀ। ਇਸ ਮੌਕੇ ਸਮੂਹ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਵਲੋਂ ਡਿਪੂ ਦੇ ਈ. ਟੀ. ਆਈ. ਜਤਿੰਦਰ ਕੁਮਾਰ ਨੂੰ ਟੀ. ਟੀ. ਆਈ. ਤੋਂ ਪ੍ਰੋਮਿਟ ਕਲਰਕ ਦੀ ਸੀਟ ਤੋਂ ਤੁਰੰਤ ਬਦਲ ਕੇ ਬੱਸ ਸਟੈਂਡ 'ਤੇ ਅਡਵਾਂਸ ਬੁਕਿੰਗ ਤੇ ਲਗਾਉਣ ਦੀ ਮੰਗ ਕੀਤੀ ਗਈ। ਉਨ੍ਹਾਂ ਉਕਤ ਰੂਟ ਦੇ ਟਾਈਮ ਟੇਬਲ ਨੂੰ 30 ਅਕਤੂਬਰ ਤੱਕ ਰੱਦ ਕਰਕੇ ਪੁਰਾਣਾ ਟਾਇਮ ਟੇਬਲ ਚਲਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਉਕਤ ਮੰਗਾਂ ਨੂੰ ਲੈ ਕੇ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਸਮੂਹ ਜਥੇਬੰਦੀਆਂ ਇਸ ਦੇ ਖ਼ਿਲਾਫ਼ 31 ਅਕਤੂਬਰ ਨੂੰ ਸਵੇਰੇ ਡਿਪੂ ਬੰਦ ਕਰਨ ਉਪਰੰਤ ਬੱਸ ਅੱਡਾ ਹੁਸ਼ਿਆਰਪੁਰ ਨੂੰ ਬੰਦ ਕਰਨਗੇ, ਜਿਸ ਦੇ ਉਪਰੰਤ ਸਾਰੇ ਪੰਜਾਬ 'ਚ ਇਸ ਸੰਬੰਧੀ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਰਮਿੰਦਰ ਸਿੰਘ ਪ੍ਰਧਾਨ, ਸੁਨੀਲ ਕੁਮਾਰ ਪ੍ਰਧਾਨ, ਜਸਮੰਗਤ ਸਿੰਘ, ਗੁਰਮੀਤ ਸਿੰਘ ਜਨਰਲ ਸਕੱਤਰ, ਗੁਰਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੁਰਿੰਦਰ ਸਿੰਘ, ਅਸ਼ਵਨੀ ਕੁਮਾਰ, ਸਤਨਾਮ ਸਿੰਘ, ਕਪਤਾਨ ਸਿੰਘ ਆਦਿ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂਆਂ ਨੇ ਤਰਨ ਤਾਰਨ ਜ਼ਿਮਨੀ ਚੋਣ 'ਚ ਪਾਰਟੀ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ

ਮੁਕੇਰੀਆਂ, 28 ਅਕਤੂਬਰ (ਰਾਮਗੜ੍ਹੀਆ)-ਪੰਜਾਬ 'ਚ ਹੋ ਰਹੀ ਜ਼ਿਮਨੀ ਚੋਣ ਦੌਰਾਨ ਵਿਧਾਨ ਸਭਾ ਹਲਕਾ ਤਰਨ ਤਾਰਨ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ 'ਚ ਹਲਕਾ ਮੁਕੇਰੀਆਂ ਤੇ ਟਾਂਡਾ ਨਾਲ ਸੰਬੰਧਿਤ ਅਕਾਲੀ ਆਗੂਆਂ ਵਲੋਂ ਯੂਥ ਅਕਾਲੀ ਦਲ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੀ ਅਗਵਾਈ ਹੇਠ ਚੋਣ ਪ੍ਰਚਾਰ ਕੀਤਾ ਤੇ ਹਲਕੇ ਦੇ ਪਿੰਡ ਪੰਡੋਰੀ ਸਿਧਵਾਂ ਸਮੇਤ ਅੱਧੀ ਦਰਜਨ ਪਿੰਡਾਂ 'ਚ ਚੋਣ ਪ੍ਰਚਾਰ ਕਰਕੇ ਲੋਕਾਂ ਨੂੰ ਵੋਟਾਂ ਪਾਉਣ ਲਈ ਲਾਮਬੰਦ ਕੀਤਾ। ਇਸ ਸੰਬੰਧੀ ਚੋਣ ਪ੍ਰਚਾਰ ਤੋਂ ਪਰਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸੀਨੀਅਰ ਅਕਾਲੀ ਆਗੂ ਜਥੇਦਾਰ ਕਿਰਪਾਲ ਸਿੰਘ ਗੇਰਾ ਤੇ ਸੀਨੀਅਰ ਅਕਾਲੀ ਆਗੂ ਲਖਵਿੰਦਰ ਸਿੰਘ ਟਿੰਮੀ ਹਾਜੀਪੁਰ ਨੇ ਮੁਕੇਰੀਆਂ ਵਿਖੇ ਗੱਲਬਾਤ ਕਰਦਿਆਂ ਦੱਸਿਆ ਕਿ ਤਰਨਤਾਰਨ ਜ਼ਿਮਨੀ ਚੋਣ 'ਚ ਵੱਡੀ ਪੱਧਰ 'ਤੇ ਕੀਤੇ ਜਾ ਰਹੇ ਚੋਣ ਪ੍ਰਚਾਰ ਦੌਰਾਨ ਲੋਕਾਂ ਦਾ ਪਾਰਟੀ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਤਰਨਤਾਰਨ ਦੇ ਲੋਕ ਸੂਬਾ ਸਰਕਾਰ ਦੀਆਂ ਗ਼ਲਤ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਤੇ ਉਹ ਇਸ ਜ਼ਿਮਨੀ ਚੋਣ 'ਚ 'ਆਪ' ਪਾਰਟੀ ਨੂੰ ਸਬਕ ਸਿਖਾਉਣ ਦੀ ਸੋਚੀ ਬੈਠੇ ਹਨ। ਉਨ੍ਹਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਪਾਰਟੀ ਵਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਕੰਮਾਂ ਨੂੰ ਤਰਨਤਾਰਨ ਵਾਸੀ ਅੱਜ ਵੀ ਯਾਦ ਕਰ ਰਹੇ ਹਨ। ਉਨ੍ਹਾਂ ਵਲੋਂ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ ਪ੍ਰਤੀ ਲਾਮਬੰਦ ਕਰਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ।

ਤਰਨ ਤਾਰਨ ਹਲਕੇ ਦੇ ਪਿੰਡ ਪੰਡੋਰੀ ਸਿਧਵਾਂ ਵਿਖੇ ਚੋਣ ਪ੍ਰਚਾਰ ਦੌਰਾਨ ਯੂਥ ਅਕਾਲੀ ਦਲ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੇ ਨਾਲ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਲਖਵਿੰਦਰ ਸਿੰਘ ਲੱਖੀ, ਜਥੇ. ਕਿਰਪਾਲ ਸਿੰਘ ਗੇਰਾ, ਲਖਵਿੰਦਰ ਸਿੰਘ ਟਿੰਮੀ ਤੇ ਹੋਰ। ਅਜੀਤ ਤਸਵੀਰ

ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਰਪਿਤ ਕੀਰਤਨ ਦਰਬਾਰ 1 ਨੂੰ

ਹੁਸ਼ਿਆਰਪੁਰ, 28 ਅਕਤੂਬਰ (ਬਲਜਿੰਦਰਪਾਲ ਸਿੰਘ)-ਖ਼ਾਲਸਾ ਗਰੁੱਪ ਪਿੱਪਲਾਂਵਾਲਾ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਤੇ ਸਰਬੱਤ ਦੇ ਭਲੇ ਲਈ ਪਿੰਡ ਪਿੱਪਲਾਂਵਾਲਾ ਵਿਖੇ 12ਵਾਂ ਮਹਾਨ ਕੀਰਤਨ ਦਰਬਾਰ 1 ਨਵੰਬਰ ਨੂੰ ਸ਼ਾਮ 5 ਵਜੇ ਤੋਂ ਰਾਤ 12 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਮੁੱਖ ਸੇਵਾਦਾਰ ਯੁਵਰਾਜ ਸਿੰਘ ਖ਼ਾਲਸਾ ਨੇ ਦੱਸਿਆ ਕਿ ਇਸ ਮੌਕੇ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸਰਵਣ ਸਿੰਘ ਖ਼ਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਕਥਾਵਾਚਕ ਭਾਈ ਨਛੱਤਰ ਸਿੰਘ ਵਲੋਂ ਸੰਗਤਾਂ ਨੂੰ ਮਨੋਹਰ ਕਥਾ-ਕੀਰਤਨ ਤੇ ਗੁਰਇਤਿਹਾਸ ਸਰਵਣ ਕਰਵਾਇਆ ਜਾਵੇਗਾ।

ਅਵਿਨਾਸ਼ ਰਾਏ ਖੰਨਾ ਦੀ ਆਤਮ ਕਥਾ 'ਇਕ ਸਫ਼ਰ' ਨੂੰ ਲੋਕ-ਅਰਪਣ ਕਰਦੇ ਹੋਏ ਵਾਇਸ ਚਾਂਸਲਰ ਪ੍ਰੋ. (ਡਾ.) ਧਰਮਜੀਤ ਸਿੰਘ ਪਰਮਾਰ, ਡਾ. ਪੂਜਾ ਬਾਲੀ ਡੀਨ, ਡਾ. ਮਨਪ੍ਰੀਤ ਕੌਰ, ਸ਼ਾਇਨਾ ਪਰਮਾਰ ਤੇ ਹੋਰ। ਅਜੀਤ ਤਸਵੀਰ

ਐਸ. ਬੀ. ਬੀ. ਐਸ. ਯੂ. ਦੇ ਯੂ. ਆਈ. ਐਲ. ਨੇ 'ਰੇਵਿਨਿਊ ਕੋਰਟਾਂ ਬਨਾਮ ਸਿਵਲ ਕੋਰਟਾਂ' ਸੰਬੰਧੀ ਲੈਕਚਰ ਕਰਵਾਇਆ

- ਖੰਨਾ ਨੇ ਕੋਰਟਾਂ 'ਚ ਅੰਤਰ ਸਮਝਾਇਆ ਤੇ ਆਤਮ ਕਥਾ 'ਇਕ ਸਫ਼ਰ' ਨੂੰ ਕੀਤਾ ਲੋਕ-ਅਰਪਣ

ਹੁਸ਼ਿਆਰਪੁਰ, 28 ਅਕਤੂਬਰ (ਬਲਜਿੰਦਰਪਾਲ ਸਿੰਘ)-ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਯੂਨੀਵਰਸਿਟੀ ਇੰਸਟੀਚਿਊਟ ਆਫ਼ ਲਾਅ ਵਲੋਂ 'ਰੇਵਿਨਿਊ ਕੋਰਟਾਂ ਬਨਾਮ ਸਿਵਲ ਕੋਰਟਾਂ: ਅਧਿਕਾਰ ਖੇਤਰ ਅਤੇ ਪ੍ਰਕਿਰਿਆਵਾਂ 'ਚ ਅੰਤਰ' ਵਿਸ਼ੇ 'ਤੇ ਜਾਗਰੂਕਤਾ ਭਰਪੂਰ ਗੈੱਸਟ ਲੈਕਚਰ ਕਰਵਾਇਆ। ਇਸ ਮੌਕੇ ਸਾਬਕਾ ਸੰਸਦ ਮੈਂਬਰ ਤੇ ਪ੍ਰਸਿੱਧ ਵਿਦਵਾਨ ਤੇ ਰਾਜਸੀ ਆਗੂ ਅਵਿਨਾਸ਼ ਰਾਏ ਖੰਨਾ ਪ੍ਰੋਫੈਸਰ ਆਫ਼ ਪ੍ਰੈਕਟਿਸ ਯੂ. ਆਈ. ਐਲ. ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਖੰਨਾ ਨੇ ਰੇਵਿਨਿਊ ਤੇ ਸਿਵਲ ਕੋਰਟਾਂ ਦੇ ਸੰਵਿਧਾਨਕ ਅਤੇ ਪ੍ਰਕਿਰਿਆਵਾਦੀ ਅੰਤਰਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਜ਼ਮੀਨ, ਸੰਪਤੀ ਤੇ ਪ੍ਰਸ਼ਾਸਨ ਨਾਲ ਸੰਬੰਧਿਤ ਮਾਮਲਿਆਂ 'ਚ ਦੋਵੇਂ ਅਦਾਲਤਾਂ ਦੇ ਅਧਿਕਾਰ ਖੇਤਰ ਦੀ ਵਿਆਖਿਆ ਕਰਦੇ ਹੋਏ ਕਈ ਅਸਲੀ ਉਦਾਹਰਣਾਂ ਰਾਹੀਂ ਨਿਆਂ ਪ੍ਰਕਿਰਿਆ ਦੇ ਮਹੱਤਵਪੂਰਨ ਪੱਖਾਂ ਨੂੰ ਸਪੱਸ਼ਟ ਕੀਤਾ। ਉਨ੍ਹਾਂ ਲਾਅ ਦੇ ਵਿਦਿਆਰਥੀਆਂ ਲਈ ਇਹ ਅੰਤਰ ਸਮਝਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਲੈਕਚਰ ਦੀ ਸਮਾਪਤੀ ਇਕ ਇੰਟਰਐਕਟਿਵ ਸੈਸ਼ਨ ਨਾਲ ਹੋਈ, ਜਿਸ 'ਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਖ-ਵੱਖ ਕਾਨੂੰਨੀ ਪਹਿਲੂਆਂ 'ਤੇ ਪ੍ਰਸ਼ਨ ਕੀਤੇ। ਇਸ ਲੈਕਚਰ ਨੇ ਵਿਦਿਆਰਥੀਆਂ ਨੂੰ ਭਾਰਤ ਦੀ ਨਿਆਂ ਪ੍ਰਣਾ